**VIGILANCE BUREAU PUNJAB**

**Vigilance nabs ASI for taking bribe**

Chandigarh, June 14 Punjab Vigilance Bureau, today nabbed an Assistant Sub Inspector (ASI) posted at Dirba Police Station, Sangrur red handed while accepting bribe of Rs 10,500/-.

Disclosing this here an official spokesperson of the Vigilance Bureau said ASI Karam Singh was nabbed red handed on the complaint of Sukhwinder Singh of village Munshiwala, Sangrur district. The complainant has approached the VB and alleged that the accused ASI was demanding Rs 25,000 to help him in a police case. He informed that the deal was struck at Rs. 20,500/- and he had already paid Rs. 10,000 as a first instalment to the above said ASI.

After verifying his information, the vigilance team laid a trap and the accused ASI was arrested on the spot while taking bribe of Rs. 10,500 of second instalment from the complainant in the presence of two official witnesses.

He informed that a case under Prevention of Corruption Act has been registered against the accused VB police station Patiala and further investigation was under progress.

----------

ਵਿਜੀਲੈਂਸ ਬਿਓਰੋ ਪੰਜਾਬ

**ਵਿਜੀਲੈਂਸ ਨੇ ਰਿਸ਼ਵਤ ਲੈਂਦਾ ਏ.ਐਸ.ਆਈ ਰੰਗੇ ਹੱਥੀਂ ਦਬੋਚਿਆ**

ਚੰਡੀਗੜ੍ਹ, 14 ਜੂਨ: ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਦਿੜਬਾ ਥਾਣਾ, ਸੰਗਰੂਰ ਵਿਖੇ ਤਾਇਨਾਤ ਏ.ਐਸ.ਆਈ. ਕਰਮ ਸਿੰਘ ਨੂੰ 10,500 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਏ.ਐਸ.ਆਈ ਨੂੰ ਸ਼ਿਕਾਇਤਕਰਤਾ ਸੁਖਵਿੰਦਰ ਸਿੰਘ ਵਾਸੀ ਪਿੰਡ ਮੁਨਸ਼ੀਵਾਲਾ, ਜਿਲਾ ਸੰਗਰੂਰ ਦੀ ਸ਼ਿਕਾਇਤ 'ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੱਸਿਆ ਕਿ ਇਕ ਪੁਲਿਸ ਕੇਸ ਵਿਚ ਦੋਹਾਂ ਧਿਰਾਂ ਵਿਚਕਾਰ ਰਾਜੀਨਾਮਾ ਹੋਣ ਉਪਰੰਤ ਪਰਚਾ ਰੱਦ ਕਰਨ ਬਦਲੇ ਉਕਤ ਏ.ਐਸ.ਆਈ ਵਲੋਂ 25,000 ਰੁਪਏ ਦੀ ਮੰਗ ਕੀਤੀ ਗਈ ਹੈ ਅਤੇ ਸੌਦਾ 20,500 ਰੁਪਏ ਵਿਚ ਤੈਅ ਹੋਇਆ ਹੈ ਅਤੇ ਉਸ ਵਲੋਂ 10,000 ਰੁਪਏ ਪਹਿਲੀ ਕਿਸ਼ਤ ਵਜੋਂ ਅਦਾ ਕੀਤੇ ਜਾ ਚੁੱਕੇ ਹਨ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਏ.ਐਸ.ਆਈ. ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ ਦੂੱਜੀ ਕਿਸ਼ਤ ਦੇ 10,500 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ 'ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਪਟਿਆਲਾ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

----